ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 04-06-2022 (22 ਜੇਠ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 459 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਜਥੇਦਾਰ ਤੋਤਾ ਸਿੰਘ ਜੀ, ਸੀਨੀਅਰ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ, ਉੱਘੇ ਅਕਾਲੀ ਆਗੂ, ਸਾਬਕਾ ਕੈਬਨਿਟ ਮੰਤਰੀ ਪੰਜਾਬ, ਸਾਬਕਾ ਚੇਅਰਮੈਨ ਮੰਡੀਕਰਨ ਬੋਰਡ ਪੰਜਾਬ, ਸਾਬਕਾ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਮਨਾਈਆਂ ਗਈਆਂ ਇਤਿਹਾਸਿਕ ਸ਼ਤਾਬਦੀਆਂ ਮਨਾਉਣ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਜਥੇਦਾਰ ਤੋਤਾ ਸਿੰਘ ਜੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20820

ਮਿਤੀ 07-6-2022

ਉਤਾਰਾ:
1. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਬੰਧਤਾ ਪਾਸ

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 04-06-2022 (22 ਜੇਠ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 460 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਪਾਕਿਸਤਾਨ ਦੇ ਪਿਸ਼ਾਵਰ ਖੇਤਰ ਵਿੱਚ ਦੋ ਸਿੱਖ ਦੁਕਾਨਦਾਰਾਂ ਸ੍ਰ. ਰਜਣੀਤ ਸਿੰਘ ਅਤੇ ਸ੍ਰ. ਕੁਲਜੀਤ ਸਿੰਘ ਨੂੰ ਗੋਲੀਆਂ ਮਾਰ ਕੇ ਕਤਲ ਕੀਤੇ ਜਾਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਪਾਕਿਸਤਾਨ ਅੰਦਰ ਵਾਪਰ ਰਹੀਆਂ ਅਜਿਹੀਆਂ ਘਟਨਾਵਾਂ ਕਾਰਨ ਘੱਟ ਗਿਣਤੀਆਂ ਅੰਦਰ ਪੈਦਾ ਹੋ ਰਹੀ ਡਰ ਦੀ ਭਾਵਨਾ ਪ੍ਰਤੀ ਪਾਕਿਸਤਾਨ ਸਰਕਾਰ ਨੂੰ ਸੰਜੀਦਾ ਹੋਣ ਦੀ ਅਪੀਲ ਕਰਦੀ ਹੈ। ਇਹ ਇਕੱਤਰਤਾ ਮਹਿਸੂਸ ਕਰਦੀ ਹੈ ਕਿ ਸਿੱਖਾਂ ਦਾ ਪਾਕਿਸਤਾਨ ਨਾਲ ਗੂੜਾ ਰਿਸ਼ਤਾ ਹੈ ਕਿਉਂਕਿ ਪਾਕਿਸਤਾਨ ਵਿਖੇ ਸਿੱਖਾਂ ਦੇ ਬਹੁਤ ਸਾਰੇ ਗੁਰਦੁਆਰਾ ਸਾਹਿਬਾਨ ਹਨ ਅਤੇ ਸਿੱਖ ਭਾਈਚਾਰੇ ਵੱਲੋਂ ਪਾਕਿਸਤਾਨ ਦੇ ਵਿਕਾਸ ਵਿਚ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਇਸ ਲਈ ਪਾਕਿਸਤਾਨ ਸਰਕਾਰ ਸਿੱਖਾਂ ਦੇ ਜਾਨ-ਮਾਲ ਦੀ ਸੁਰੱਖਿਆਂ ਲਈ ਢੁੱਕਵੇਂ ਕਦਮ ਚੁੱਕੇ।

ਅੱਜ ਦੀ ਇਹ ਇਕੱਤਰਤਾ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀਆਂ ਆਤਮਾਵਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20821 ਮਿਤੀ 9-6-2022

ਉਤਾਰਾ:
1. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਬੰਧਤਾ ਪਾਸ

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।